ਆਸਾ ਮਹਲਾ ੫ ॥ ਸੋਇ ਰਹੀ ਪ੍ਰਭ ਖਬਰਿ ਨ ਜਾਨੀ ॥ ਭੋਰੁ ਭਇਆ ਬਹੁਰਿ ਪਛੁਤਾਨੀ ॥੧॥ ਪ੍ਰਿਅ ਪ੍ਰੇਮ ਸਹਜਿ ਮਨਿ ਅਨਦੁ ਧਰਉ ਰੀ ॥ ਪ੍ਰਭ ਮਿਲਬੇ ਕੀ ਲਾਲਸਾ ਤਾ ਤੇ ਆਲਸੁ ਕਹਾ ਕਰਉ ਰੀ ॥੧॥ ਰਹਾਉ ॥ ਕਰ ਮਹਿ ਅੰਮ੍ਰਿਤੁ ਆਣਿ ਨਿਸਾਰਿਓ ॥ ਖਿਸਰਿ ਗਇਓ ਭੂਮ ਪਰਿ ਡਾਰਿਓ ॥੨॥ ਸਾਦਿ ਮੋਹਿ ਲਾਦੀ ਅਹੰਕਾਰੇ ॥ ਦੋਸੁ ਨਾਹੀ ਪ੍ਰਭ ਕਰਣੈਹਾਰੇ ॥੩॥ ਸਾਧਸੰਗਿ ਮਿਟੇ ਭਰਮ ਅੰਧਾਰੇ ॥ ਨਾਨਕ ਮੇਲੀ ਸਿਰਜਣਹਾਰੇ ॥੪॥੨੫॥੭੬॥ {ਪੰਨਾ 389}

ਪਦਅਰਥ:- ਸੋਇ ਰਹੀ—(ਉਮਰ ਦੀ ਸਾਰੀ ਰਾਤ) ਸੁੱਤੀ ਰਹੀ, ਸਾਰੀ ਉਮਰ ਆਤਮਕ ਜੀਵਨ ਵਲੋਂ ਬੇ-ਪਰਵਾਹੀ ਟਿਕੀ ਰਹੀ। ਭੋਰੁ—ਦਿਨ, ਉਮਰ-ਰਾਤ ਦਾ ਅੰਤ, ਮੌਤ ਦਾ ਸਮਾ। ਬਹੁਰਿ—ਮੁੜ, ਫਿਰ, ਤਦੋਂ।1।

ਸਹਜਿ—ਆਤਮਕ ਅਡੋਲਤਾ ਵਿਚ। ਪ੍ਰਿਅ ਪ੍ਰੇਮ—ਪਿਆਰੇ ਦੇ ਪ੍ਰੇਮ (ਦੀ ਬਰਕਤਿ ਨਾਲ)। ਮਨਿ—ਮਨ ਵਿਚ। ਅਨਦੁ—ਆਨੰਦ। ਧਰਉ—ਧਰਉਂ, ਮੈਂ ਟਿਕਾਈ ਰੱਖਦੀ ਹਾਂ। ਰੀ—ਹੇ ਸਖੀ! ਮਿਲਬੇ ਕੀ—ਮਿਲਣ ਦੀ। ਲਾਲਸਾ—ਤਾਂਘ। ਤਾ ਤੇ—ਇਸ ਕਰਕੇ। ਕਹਾ ਕਰਉ—ਮੈਂ ਕਿਥੇ ਕਰ ਸਕਦੀ ਹਾਂ?।1। ਰਹਾਉ।

ਕਰ ਮਹਿ—ਹੱਥਾਂ ਵਿਚ। ਆਣਿ—ਲਿਆ ਕੇ। ਨਿਸਾਰਿਓ—ਪਾ ਦਿੱਤਾ, ਵਗਾ ਦਿੱਤਾ। ਖਿਸਰਿ ਗਇਓ—ਡੁੱਲ੍ਹ ਗਿਆ। ਭੂਮ ਪਰਿ—ਧਰਤੀ ਉਤੇ, ਮਿੱਟੀ ਵਿਚ।2।

ਸਾਦਿ—ਸੁਆਦ ਵਿਚ। ਮੋਹਿ—ਮੋਹ ਵਿਚ, ਮੋਹ ਦੇ ਭਾਰ ਹੇਠ। ਲਾਦੀ—ਲੱਦੀ ਰਹੀ, ਦੱਬੀ ਰਹੀ। ਅਹੰਕਾਰੇ—ਅਹੰਕਾਰਿ, ਅਹੰਕਾਰ ਦੇ ਭਾਰ ਹੇਠ।3।

ਸਾਧ ਸੰਗਿ—ਸਾਧ ਸੰਗਤਿ ਵਿਚ। ਅੰਧਾਰੇ—ਹਨੇਰੇ। ਸਿਰਜਣਹਾਰੇ—ਸਿਰਜਣ-ਹਾਰਿ, ਸਿਰਜਣਹਾਰ ਨੇ।4।

ਅਰਥ:- ਹੇ ਸਖੀ! ਪਿਆਰੇ (ਪ੍ਰਭੂ) ਦੇ ਪ੍ਰੇਮ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਆਪਣੇ ਮਨ ਵਿਚ (ਉਸ ਦੇ ਦਰਸਨ ਦੀ ਤਾਂਘ ਦਾ) ਆਨੰਦ ਟਿਕਾਈ ਰੱਖਦੀ ਹਾਂ। ਹੇ ਸਖੀ! (ਮੇਰੇ ਅੰਦਰ ਹਰ ਵੇਲੇ) ਪ੍ਰਭੂ ਦੇ ਮਿਲਾਪ ਦੀ ਤਾਂਘ ਬਣੀ ਰਹਿੰਦੀ ਹੈ, ਇਸ ਵਾਸਤੇ (ਉਸ ਨੂੰ ਯਾਦ ਰੱਖਣ ਵਲੋਂ) ਮੈਂ ਕਦੇ ਭੀ ਆਲਸ ਨਹੀਂ ਕਰ ਸਕਦੀ।1। ਰਹਾਉ।

ਹੇ ਸਖੀ! (ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹੈ (ਆਤਮਕ ਜੀਵਨ ਵਲੋਂ ਬੇ-ਪਰਵਾਹ ਟਿਕੀ ਰਹਿੰਦੀ ਹੈ) ਉਹ ਪ੍ਰਭੂ (ਦੇ ਮਿਲਾਪ) ਦੀ ਕਿਸੇ ਸਿੱਖਿਆ ਨੂੰ ਨਹੀਂ ਸਮਝਦੀ। ਪਰ ਜਦੋਂ ਦਿਨ ਚੜ੍ਹ ਆਉਂਦਾ ਹੈ (ਜ਼ਿੰਦਗੀ ਦੀ ਰਾਤ ਮੁੱਕ ਕੇ ਮੌਤ ਦਾ ਸਮਾ ਆ ਜਾਂਦਾ ਹੈ) ਤਦੋਂ ਉਹ ਪਛੁਤਾਂਦੀ ਹੈ।1।

ਹੇ ਸਖੀ! (ਮਨੁੱਖਾ ਜਨਮ ਦੇ ਕੇ ਪਰਮਾਤਮਾ ਨੇ) ਸਾਡੇ ਹੱਥਾਂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲਿਆ ਕੇ ਪਾਇਆ ਸੀ (ਸਾਨੂੰ ਨਾਮ-ਅੰਮ੍ਰਿਤ ਪੀਣ ਦਾ ਮੌਕਾ ਦਿੱਤਾ ਸੀ। ਪਰ ਜੇਹੜੀ ਜੀਵ-ਇਸਤ੍ਰੀ ਸਾਰੀ ਉਮਰ ਮੋਹ ਦੀ ਨੀਂਦ ਵਿਚ ਸੁੱਤੀ ਰਹਿੰਦੀ ਹੈ, ਉਸ ਦੇ ਹੱਥਾਂ ਵਿਚ ਉਹ ਅੰਮ੍ਰਿਤ) ਤਿਲਕ ਜਾਂਦਾ ਹੈ ਤੇ ਮਿੱਟੀ ਵਿਚ ਜਾ ਰਲਦਾ ਹੈ।2।

ਹੇ ਸਖੀ! (ਜੀਵ-ਇਸਤ੍ਰੀ ਦੀ ਇਸ ਮੰਦ-ਭਾਗਤਾ ਬਾਰੇ) ਸਿਰਜਣਹਾਰ ਪ੍ਰਭੂ ਨੂੰ ਕੋਈ ਦੋਸ਼ ਨਹੀਂ ਦਿੱਤਾ ਜਾ ਸਕਦਾ, (ਜੀਵ-ਇਸਤ੍ਰੀ ਆਪ ਹੀ) ਪਦਾਰਥਾਂ ਦੇ ਸੁਆਦ ਵਿਚ ਮਾਇਆ ਦੇ ਮੋਹ ਵਿਚ, ਅਹੰਕਾਰ ਵਿਚ ਦੱਬੀ ਰਹਿੰਦੀ ਹੈ।3।

ਹੇ ਨਾਨਕ! ਸਾਧ ਸੰਗਤਿ ਵਿਚ ਆ ਕੇ (ਜਿਸ ਜੀਵ-ਇਸਤ੍ਰੀ ਦੇ ਅੰਦਰੋਂ) ਮਾਇਆ ਦੀ ਭਟਕਣ ਦੇ ਹਨੇਰੇ ਮਿਟ ਜਾਂਦੇ ਹਨ, ਸਿਰਜਣਹਾਰ ਪ੍ਰਭੂ (ਉਸ ਨੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ।4। 25। 76।